CM ANNOUNCES TO SET UP SURJIT PATAR CENTRE FOR ETHICAL AI IN THE GURU NANAK DEV UNIVERSITY

SAYS AN AWARD TO BE INSTITUTIONALISED IN THE MEMORY OF LEGENDARY WRITER

ASSERTS THAT WHAT KEATS WAS FOR ENGLISH LANGUAGE, DR SURJIT PATAR WAS FOR PUNJABI LANGUAGE

REITERATES COMMITMENT TO FURTHER PROMOTE PUNJABI LANGUAGE IN THE STATE

Amritsar, January 14-

Punjab Chief Minister Bhagwant Singh Mann on Tuesday announced to set up a state of the art Surjit Patar Centre for ethical Artificial Intelligence (AI) in the Guru Nanak Dev University.

Chairing a function to pay homage to the eminent writer here today, the Chief Minister said that this centre will be equipped with the latest ultra modern technology. He assured fulsome support and cooperation to the University for this Noble Cause. Bhagwant Singh Mann also announced to institutionalise an Award in the memory of great writer which will be given to the budding writers to encourage them.

The Chief Minister said that appointments in the universities are being made for the sole purpose of promoting academics in these prestigious institutions. He said that the single point agenda is to ensure that education, and not groupism, gets boost in these premier institutions. Bhagwant Singh Mann said that the great Gurus, saints and martyrs have taught us to fight against tyranny, oppression and injustice.

Paying floral tributes to Dr Surjit Patar, The Chief Minister said that passing away of this great son of the soil was a huge and irreparable loss for the Punjabi literature. He said that Dr Surjit Patar was one of the greatest writers of Punjabi Literature and he had a strong personal bond with the late writer, who appreciated him a lot. Bhagwant Singh Mann recalled the enormous contribution of Dr Surjit Patar

towards the promotion of Punjabi language, literature and culture, which would always be acknowledged by one and all.

The Chief Minister said that Dr Surjit Patar was one of the most celebrated Punjabi writers who had a deep impact on the psyche of every Punjabi adding that it is a matter of immense pride and satisfaction that if English language had legendary writer Keats then Punjabi language has Dr Surjit Patar. He described Dr Surjit Patar as a 'great writer' who made an outstanding contribution for cementing the bond of communal harmony and brotherhood in the society through his pen. Recalling the literary services of the departed writer, Bhagwant Singh Mann said that he was an imminent Punjabi litterateur who would ever inspire the budding writers through his prolific writings.

The Chief Minister said that the state government is making concerted efforts for promotion of Punjabi language. He said that the state government has allocated funds worth more than Rs 350 crore to the Punjabi University Patiala to bring it out of financial crunch. Bhagwant Singh Mann said that it was imperative to ensure that the teaching staff could focus duly on educating the youth and promotion of Punjabi language.

The Chief Minister further said that the state government is duty bound to promote the mother tongue of every Punjabi and no stone will be left unturned for it. Bhagwant Singh Mann exhorted the students to speak and write the Punjabi language well so that they remain acquainted with their glorious heritage. He said that it is a matter of great pride for all of us that we are the flag bearers of this marvelous mother tongue, in which countless and rich literature has been penned.

The Chief Minister said that the history of the state is replete with enormous sacrifices made by the great martyrs who have made selfless sacrifices for humanity. He said that the youth must get inspiration from these martyrs and serve their country selflessly and passionately. Bhagwant Singh Mann said that Punjab is the blessed and sacred land where people from all the religions, languages and sections of society reside peacefully and harmoniously.

The Chief Minister also extended his best wishes to the people on the sacred day of Maghi adding that this solemn occasion is observed every year in memory of the 40 Muktas (liberated ones) who laid down their lives in the battle of Khidrana, now known as Sri Muktsar Sahib. He said that the auspicious occasion of Maghi in Sri Muktsar Sahib was being held since time immemorial as a mark of respect to eulogize the supreme sacrifice of 40 Muktas, who valiantly fought against the Mughals. Bhagwant Singh

Mann said that on this day lakhs of people pay obeisance at the sanctum sanctorum of Gurdwara ‘Sri Tuti-Gandi Sahib’ at Sri Muktsar Sahib.

ਮੁੱਖ ਮੰਤਰੀ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਸੁਰਜੀਤ ਪਾਤਰ ਸੈਂਟਰ ਫਾਰ ਐਥੀਕਲ ਏ.ਆਈ. ਸਥਾਪਤ ਕਰਨ ਦਾ ਐਲਾਨ

ਮਹਾਨ ਲੇਖਕ ਦੀ ਯਾਦ ਵਿੱਚ ਐਵਾਰਡ ਸ਼ੁਰੂ ਕੀਤਾ ਜਾਵੇਗਾ

ਜੋ ਕੀਟਸ ਨੇ ਅੰਗਰੇਜ਼ੀ ਜ਼ੁਬਾਨ ਲਈ ਕੀਤਾ, ਉਹ ਕੰਮ ਡਾ. ਸੁਰਜੀਤ ਪਾਤਰ ਨੇ ਪੰਜਾਬੀ ਮਾਂ ਬੋਲੀ ਲਈ ਕੀਤਾ

ਸੂਬੇ ਵਿੱਚ ਪੰਜਾਬੀ ਭਾਸ਼ਾ ਨੂੰ ਹੋਰ ਉਤਸ਼ਾਹਤ ਕਰਨ ਲਈ ਵਚਨਬੱਧਤਾ ਦੁਹਰਾਈ

ਅੰਮ੍ਰਿਤਸਰ, 14 ਜਨਵਰੀ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਅਤਿ-ਆਧੁਨਿਕ ਸੁਰਜੀਤ ਪਾਤਰ ਸੈਂਟਰ ਫਾਰ ਐਥੀਕਲ ਆਰਟੀਫਿਸ਼ਲ ਇੰਟੈਲੀਜੈਂਸ ਸਥਾਪਤ ਕਰਨ ਦਾ ਐਲਾਨ ਕੀਤਾ ਹੈ।

ਇੱਥੇ ਉੱਘੇ ਕਵੀ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਕਰਵਾਏ ਸਮਾਰੋਹ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸੈਂਟਰ ਅਤਿ-ਆਧੁਨਿਕ ਤਕਨਾਲੋਜੀ ਨਾਲ ਲੈਸ ਹੋਵੇਗਾ। ਉਨ੍ਹਾਂ ਇਸ ਅਹਿਮ ਕਾਰਜ ਲਈ ਯੂਨੀਵਰਸਿਟੀ ਨੂੰ ਪੂਰੀ ਸਹਾਇਤਾ ਅਤੇ ਸਹਿਯੋਗ ਦਾ ਭਰੋਸਾ ਦਿੱਤਾ। ਭਗਵੰਤ ਸਿੰਘ ਮਾਨ ਨੇ ਇਸ ਮਹਾਨ ਲੇਖਕ ਦੀ ਯਾਦ ਵਿੱਚ ਐਵਾਰਡ ਸ਼ੁਰੂ ਕਰਨ ਦਾ ਵੀ ਐਲਾਨ ਕੀਤਾ, ਜਿਸ ਨਾਲ ਉੱਭਰਦੇ ਲੇਖਕ ਉਤਸ਼ਾਹਿਤ ਹੋਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਯੂਨੀਵਰਸਿਟੀਆਂ ਵਿੱਚ ਨਿਯੁਕਤੀਆਂ ਇਨ੍ਹਾਂ ਵੱਕਾਰੀ ਅਦਾਰਿਆਂ ਵਿੱਚ ਅਕਾਦਮਿਕਤਾ ਨੂੰ ਉਤਸ਼ਾਹਿਤ ਕਰਨ ਦੇ ਇਕੋ-ਇਕ ਮੰਤਵ ਦੀ ਪੂਰਤੀ ਲਈ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਇਕੋ-ਇਕ ਏਜੰਡੇ ਦਾ ਮਕਸਦ ਇਨ੍ਹਾਂ ਪ੍ਰਮੁੱਖ ਅਦਾਰਿਆਂ ਵਿੱਚ ਧੜੇਬੰਦੀ ਦੀ ਥਾਂ ਸਿੱਖਿਆ ਨੂੰ ਹੁਲਾਰਾ ਦੇਣਾ ਯਕੀਨੀ ਬਣਾਉਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਹਾਨ ਗੁਰੂਆਂ, ਸੰਤਾਂ ਅਤੇ ਸ਼ਹੀਦਾਂ ਨੇ ਸਾਨੂੰ ਜਬਰ, ਜ਼ੁਲਮ ਅਤੇ ਅਨਿਆਂ ਵਿਰੁੱਧ ਲੜਨ ਦਾ ਉਪਦੇਸ਼ ਦਿੱਤਾ ਹੈ।

ਡਾ. ਸੁਰਜੀਤ ਪਾਤਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਧਰਤੀ ਮਾਂ ਦੇ ਇਸ ਮਹਾਨ ਸਪੁੱਤਰ ਦਾ ਦੇਹਾਂਤ ਪੰਜਾਬੀ ਸਾਹਿਤ ਲਈ ਵੱਡਾ ਅਤੇ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਨ੍ਹਾਂ ਕਿਹਾ ਕਿ ਡਾ. ਸੁਰਜੀਤ ਪਾਤਰ ਪੰਜਾਬੀ ਸਾਹਿਤ ਦੇ ਮਹਾਨ ਲੇਖਕਾਂ ਵਿੱਚੋਂ ਇੱਕ ਸਨ ਅਤੇ ਇਸ ਮਰਹੂਮ ਲੇਖਕ ਨਾਲ ਉਨ੍ਹਾਂ ਦੀ ਗੂੜ੍ਹੀ ਸਾਂਝ ਸੀ, ਜਿਨ੍ਹਾਂ ਹਮੇਸ਼ਾ ਅੱਗੇ ਵਧਣ ਦਾ ਹੌਸਲਾ ਦਿੱਤਾ। ਭਗਵੰਤ ਸਿੰਘ ਮਾਨ ਨੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਡਾ. ਸੁਰਜੀਤ ਪਾਤਰ ਦੇ ਵਡਮੁੱਲੇ ਯੋਗਦਾਨ ਨੂੰ ਯਾਦ ਕੀਤਾ, ਜੋ ਹਮੇਸ਼ਾ ਲੋਕਾਂ ਦੇ ਚੇਤਿਆਂ ਵਿੱਚ ਵਸਿਆ ਰਹੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਡਾ. ਸੁਰਜੀਤ ਪਾਤਰ ਪੰਜਾਬੀ ਦੇ ਉਨ੍ਹਾਂ ਉੱਘੇ ਲੇਖਕਾਂ ਵਿੱਚੋਂ ਇੱਕ ਸਨ, ਜਿਨ੍ਹਾਂ ਨੇ ਹਰੇਕ ਪੰਜਾਬੀ ਦੀ ਮਾਨਸਿਕਤਾ ਤੇ ਡੂੰਘਾ ਪ੍ਰਭਾਵ ਪਾਇਆ ਅਤੇ ਇਹ ਬੜੇ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਜੋ ਕੰਮ ਅੰਗਰੇਜ਼ੀ ਭਾਸ਼ਾ ਵਿੱਚ ਪ੍ਰਸਿੱਧ ਲੇਖਕ ਕੀਟਸ ਨੇ ਕੀਤਾ, ਉਹ ਕਾਰਜ ਪੰਜਾਬੀ ਭਾਸ਼ਾ ਵਿੱਚ ਡਾ. ਸੁਰਜੀਤ ਪਾਤਰ ਦੇ ਹਿੱਸੇ ਆਇਆ। ਉਨ੍ਹਾਂ ਡਾ. ਪਾਤਰ ਨੂੰ 'ਮਹਾਨ ਲੇਖਕ ਦੱਸਿਆ, ਜਿਨ੍ਹਾਂ ਆਪਣੀ ਕਲਮ ਰਾਹੀਂ ਸਮਾਜ ਵਿੱਚ ਫਿਰਕੂ ਸਦਭਾਵਨਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਬੇਮਿਸਾਲ ਯੋਗਦਾਨ ਪਾਇਆ। ਭਗਵੰਤ ਸਿੰਘ ਮਾਨ ਨੇ ਵਿਛੜੇ ਲੇਖਕ ਦੇ ਸਾਹਿਤਕ ਯੋਗਦਾਨ ਨੂੰ ਚੇਤੇ ਕਰਦਿਆਂ ਕਿਹਾ ਕਿ ਉਹ ਪੰਜਾਬੀ ਦੇ ਉੱਘੇ ਸਾਹਿਤਕਾਰ ਸਨ, ਜੋ ਆਪਣੀਆਂ ਸ਼ਾਨਦਾਰ ਲਿਖਤਾਂ ਰਾਹੀਂ ਉੱਭਰਦੇ ਲੇਖਕਾਂ ਨੂੰ ਹਮੇਸ਼ਾ ਪ੍ਰੇਰਿਤ ਕਰਦੇ ਰਹਿਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬੀ ਭਾਸ਼ਾ ਦੀ ਤਰੱਕੀ ਲਈ ਠੋਸ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਵਿੱਤੀ ਸੰਕਟ ਵਿੱਚੋਂ ਕੱਢਣ ਲਈ 350 ਕਰੋੜ ਰੁਪਏ ਤੋਂ ਵੱਧ ਦੇ ਫੰਡ ਅਲਾਟ ਕੀਤੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਯਕੀਨੀ ਬਣਾਉਣਾ ਲਾਜ਼ਮੀ ਹੈ ਕਿ ਟੀਚਿੰਗ ਸਟਾਫ਼ ਨੌਜਵਾਨਾਂ ਨੂੰ ਸਿੱਖਿਅਤ ਕਰੇ ਅਤੇ ਪੰਜਾਬੀ ਭਾਸ਼ਾ ਦੇ ਪ੍ਰਚਾਰ `ਤੇ ਪੂਰਾ ਧਿਆਨ ਦੇ ਸਕੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਪੰਜਾਬੀ ਮਾਂ ਬੋਲੀ ਨੂੰ ਪ੍ਰਫੁੱਲਤ ਕਰਨ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਚੰਗੀ ਤਰ੍ਹਾਂ ਬੋਲਣ ਅਤੇ ਲਿਖਣ ਲਈ

ਪ੍ਰੇਰਿਤ ਕੀਤਾ ਤਾਂ ਜੋ ਉਹ ਆਪਣੇ ਗੌਰਵਮਈ ਵਿਰਸੇ ਤੋਂ ਜਾਣੂ ਰਹਿ ਸਕਣ। ਉਨ੍ਹਾਂ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਮਾਣ ਵਾਲੀ ਗੱਲ ਹੈ ਕਿ ਅਸੀਂ ਇਸ ਸ਼ਾਨਦਾਰ ਮਾਂ-ਬੋਲੀ ਦੇ ਝੰਡਾਬਰਦਾਰ ਹਾਂ, ਜਿਸ ਵਿਚ ਬੇਸ਼ੁਮਾਰ ਅਤੇ ਭਰਪੂਰ ਸਾਹਿਤ ਰਚਿਆ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦਾ ਇਤਿਹਾਸ ਸ਼ਹੀਦਾਂ ਦੀਆਂ ਮਹਾਨ ਕੁਰਬਾਨੀਆਂ ਨਾਲ ਭਰਿਆ ਪਿਆ ਹੈ, ਜਿਨ੍ਹਾਂ ਨੇ ਮਨੁੱਖਤਾ ਲਈ ਨਿਰਸਵਾਰਥ ਕੁਰਬਾਨੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਇਨ੍ਹਾਂ ਸ਼ਹੀਦਾਂ ਤੋਂ ਪ੍ਰੇਰਨਾ ਲੈ ਕੇ ਨਿਰਸਵਾਰਥ ਜਜ਼ਬੇ ਨਾਲ ਦੇਸ਼ ਦੀ ਸੇਵਾ ਕਰਨੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਉਹ ਪਵਿੱਤਰ ਧਰਤੀ ਹੈ, ਜਿੱਥੇ ਸਾਰੇ ਧਰਮਾਂ, ਭਾਸ਼ਾਵਾਂ ਅਤੇ ਸਮਾਜ ਦੇ ਵਰਗਾਂ ਦੇ ਲੋਕ ਸ਼ਾਂਤੀ ਅਤੇ ਸਦਭਾਵਨਾ ਨਾਲ ਰਹਿੰਦੇ ਹਨ।

ਮੁੱਖ ਮੰਤਰੀ ਨੇ ਮਾਘੀ ਦੇ ਪਵਿੱਤਰ ਦਿਹਾੜੇ `ਤੇ ਲੋਕਾਂ ਨੂੰ ਸ਼ੁੱਭ ਕਾਮਨਾਵਾਂ ਵੀ ਦਿੱਤੀਆਂ ਅਤੇ ਕਿਹਾ ਕਿ ਇਹ ਪਵਿੱਤਰ ਦਿਹਾੜਾ ਹਰ ਸਾਲ 40 ਮੁਕਤਿਆਂ ਦੀ ਯਾਦ `ਚ ਮਨਾਇਆ ਜਾਂਦਾ ਹੈ, ਜਿਨ੍ਹਾਂ ਨੇ ਖਿਦਰਾਣੇ ਦੀ ਲੜਾਈ `ਚ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਸਨ, ਜਿਸ ਨੂੰ ਹੁਣ ਸ੍ਰੀ ਮੁਕਤਸਰ ਸਾਹਿਬ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਵਿਖੇ ਮਾਘੀ ਦਾ ਦਿਹਾੜਾ ਮੁਗਲਾਂ ਵਿਰੁੱਧ ਬਹਾਦਰੀ ਨਾਲ ਲੜਨ ਵਾਲੇ 40 ਮੁਕਤਿਆਂ ਦੀ ਮਹਾਨ ਕੁਰਬਾਨੀ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਮਨਾਇਆ ਜਾਂਦਾ ਹੈ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਇਸ ਦਿਨ ਸ੍ਰੀ ਮੁਕਤਸਰ ਸਾਹਿਬ ਵਿਖੇ ਗੁਰਦੁਆਰਾ ਸ੍ਰੀ ਟੁੱਟੀ-ਗੰਢੀ ਸਾਹਿਬ ਦੇ ਪਾਵਨ ਅਸਥਾਨ `ਤੇ ਲੱਖਾਂ ਦੀ ਗਿਣਤੀ ਵਿੱਚ ਸੰਗਤ ਨਤਮਸਤਕ ਹੁੰਦੀ ਹੈ।